ਮਲਾਰ ਮਹਲਾ ੫ ॥ ਬਹੁ ਬਿਧਿ ਮਾਇਆ ਮੋਹ ਹਿਰਾਨੋ ॥ ਕੋਟਿ ਮਧੇ ਕੋਊ ਬਿ ਰਲਾ ਸੇਵਕੁ ਪੂਰਨ ਭਗਤੁ ਚਿਰਾਨੋ ॥੧॥ ਰਹਾਉ ॥ ਇਤ ਉਤ ਡੋਲਿ ਡੋਲਿ ਸ੍ਰਮੁ ਪਾਇਓ ਤਨੁ ਧਨੁ ਹੋਤ ਬਿਰਾਨੋ ॥ ਲੋਗ ਦੁਰਾਇ ਕਰਤ ਠਗਿਆਈ ਹੋਤੌ ਸੰਗਿ ਨ ਜਾਨੋ ॥੧॥ ਮ੍ਰਿਗ ਪੰਖੀ ਮੀਨ ਦੀਨ ਨੀਚ ਇਹ ਸੰਕਟ ਫਿਰਿ ਆਨੋ ॥ ਕਹੁ ਨਾਨਕ ਪਾਹਨ ਪ੍ਰਭ ਤਾਰਹੁ ਸਾਧਸੰਗਤਿ ਸੁਖ ਮਾਨੋ ॥੨॥੧੧॥੧੫॥ {ਪੰਨਾ 1269}

ਪਦ ਅਰਥ:- ਬਹੁ ਬਿਧਿ—ਕਈ ਤਰੀਕਿਆਂ ਨਾਲ। ਹਿਰਾਨੋ—ਠੱਗੇ ਜਾਂਦੇ ਹਨ (ਜੀਵ)। ਕੋਟਿ ਮਧੇ—ਕ੍ਰੋੜਾਂ ਵਿਚੋਂ। ਚਿਰਾਨੋ—ਚਿਰਾਂ ਦਾ, ਮੁੱਢ ਕਦੀਮਾਂ ਦਾ।1। ਰਹਾਉ।

ਇਤ ਉਤ—ਇਧਰ ਉਧਰ। ਡੋਲਿ—ਡੋਲ ਕੇ, ਭਟਕ ਕੇ। ਸ੍ਰਮੁ—ਥਕੇਵਾਂ। ਬਿਰਾਨੋ—ਬਿਗਾਨਾ। ਦੁਰਾਇ—ਲੁਕਾ ਕੇ। ਠਗਿਆਈ—ਠੱਗੀ। ਸੰਗਿ—ਨਾਲ। ਹੋਤੌ—ਸੰਗਿ—(ਜਿਹੜਾ ਹਰੀ ਸਦਾ) ਨਾਲ ਰਹਿਣ ਵਾਲਾ ਹੈ। ਜਾਨੋ—ਜਾਣਦਾ।1।

ਮ੍ਰਿਗ—ਪਸ਼ੂ। ਪੰਖੀ—ਪੰਛੀ। ਮੀਨ—ਮੱਛੀ। ਇਹ ਸੰਕਟ—ਇਹਨਾਂ ਕਸ਼ਟਾਂ ਵਿਚ। ਫਿਰਿ ਆਨੋ—ਭਟਕਦਾ ਫਿਰਦਾ ਹੈ। ਨਾਨਕ—ਹੇ ਨਾਨਕ! ਪਾਹਨ—ਪੱਥਰ, ਪੱਥਰ-ਚਿੱਤ ਜੀਵਾਂ ਨੂੰ। ਮਾਨੋ—ਮਾਣ ਸਕਣ।2।

ਅਰਥ:- ਹੇ ਭਾਈ! (ਜੀਵ) ਕਈ ਤਰੀਕਿਆਂ ਨਾਲ ਮਾਇਆ ਦੇ ਮੋਹ ਵਿਚ ਠੱਗੇ ਜਾਂਦੇ ਹਨ। ਕ੍ਰੋੜਾਂ ਵਿਚੋਂ ਕੋਈ ਵਿਰਲਾ ਹੀ (ਅਜਿਹਾ) ਸੇਵਕ ਹੁੰਦਾ ਹੈ ਜੋ ਮੁੱਢ ਕਦੀਮਾਂ ਤੋਂ ਹੀ ਪੂਰਾ ਭਗਤ ਹੁੰਦਾ ਹੈ (ਤੇ ਮਾਇਆ ਦੇ ਹੱਥੋਂ ਠੱਗਿਆ ਨਹੀਂ ਜਾਂਦਾ)।1। ਰਹਾਉ।

ਹੇ ਭਾਈ! (ਮਾਇਆ ਦਾ ਠੱਗਿਆ ਮਨੁੱਖ) ਹਰ ਪਾਸੇ ਭਟਕ ਭਟਕ ਕੇ ਥੱਕਦਾ ਰਹਿੰਦਾ ਹੈ (ਜਿਸ ਸਰੀਰ ਅਤੇ ਧਨ ਦੀ ਖ਼ਾਤਰ ਭਟਕਦਾ ਹੈ, ਉਹ) ਸਰੀਰ ਤੇ ਧਨ (ਆਖ਼ਿਰ) ਬਿਗਾਨਾ ਹੋ ਜਾਂਦਾ ਹੈ। (ਮਾਇਆ ਦੇ ਮੋਹ ਵਿਚ ਫਸਿਆ ਮਨੁੱਖ) ਲੋਕਾਂ ਤੋਂ ਲੁਕਾ ਲੁਕਾ ਕੇ ਠੱਗੀ ਕਰਦਾ ਰਹਿੰਦਾ ਹੈ (ਜਿਹੜਾ ਪਰਮਾਤਮਾ ਸਦਾ) ਨਾਲ ਰਹਿੰਦਾ ਹੈ ਉਸ ਨਾਲ ਸਾਂਝ ਨਹੀਂ ਪਾਂਦਾ।1।

ਹੇ ਭਾਈ! (ਮਾਇਆ ਦੇ ਮੋਹ ਵਿਚ ਫਸੇ ਰਹਿਣ ਦੇ ਕਾਰਨ ਆਖ਼ਿਰ) ਪਸ਼ੂ ਪੰਛੀ ਮੱਛੀ—ਇਹਨਾਂ ਨੀਵੀਆਂ ਜੂਨਾਂ ਦੇ ਗੇੜ ਦੇ ਦੁੱਖਾਂ ਵਿਚ ਭਟਕਦਾ ਫਿਰਦਾ ਹੈ। ਹੇ ਨਾਨਕ! ਆਖ—ਹੇ ਪ੍ਰਭੂ! ਅਸਾਂ ਪੱਥਰਾਂ ਨੂੰ (ਪੱਥਰ-ਦਿਲ ਜੀਵਾਂ ਨੂੰ) ਪਾਰ ਲੰਘਾ ਲੈ, ਅਸੀਂ ਸਾਧ ਸੰਗਤਿ ਵਿਚ (ਤੇਰੀ ਭਗਤੀ ਦਾ) ਆਨੰਦ ਮਾਣਦੇ ਰਹੀਏ।2।11।15।